**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2069 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043)।

**ਹਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਆਪਣੇ ਪੱਤਰ, ਮਿਤੀ 23-04-2019 ਰਾਹੀਂ ਬੇਨਤੀ ਕੀਤੀ ਗਈ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਮੁਹੱਈਆ ਕਰਾਉਣ ਲਈ ਆਖਰੀ ਮੌਕਾ ਦਿੱਤਾ ਜਾਵੇ ਕਿਉਂਕਿ ਨਗਰ ਕੌਂਸਿਲ ਧੂਰੀ, ਵਿਖੇ ਸਟਾਫ ਦੀ ਕਮੀ ਹੋਣ ਦੇ ਨਾਲ-ਨਾਲ ਚੋਣਾਂ ਸਬੰਧੀ ਡਿਊਟੀਆਂ ਵੀ ਲੱਗੀਆਂ ਹੋਈਆਂ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2070 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043)।

**ਹਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਆਪਣੇ ਪੱਤਰ, ਮਿਤੀ 23-04-2019 ਰਾਹੀਂ ਬੇਨਤੀ ਕੀਤੀ ਗਈ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਮੁਹੱਈਆ ਕਰਾਉਣ ਲਈ ਆਖਰੀ ਮੌਕਾ ਦਿੱਤਾ ਜਾਵੇ ਕਿਉਂਕਿ ਨਗਰ ਕੌਂਸਿਲ ਧੂਰੀ, ਵਿਖੇ ਸਟਾਫ ਦੀ ਕਮੀ ਹੋਣ ਦੇ ਨਾਲ-ਨਾਲ ਚੋਣਾਂ ਸਬੰਧੀ ਡਿਊਟੀਆਂ ਵੀ ਲੱਗੀਆਂ ਹੋਈਆਂ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2134 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043)।

**ਹਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਆਪਣੇ ਪੱਤਰ, ਮਿਤੀ 23-04-2019 ਰਾਹੀਂ ਬੇਨਤੀ ਕੀਤੀ ਗਈ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਮੁਹੱਈਆ ਕਰਾਉਣ ਲਈ ਆਖਰੀ ਮੌਕਾ ਦਿੱਤਾ ਜਾਵੇ ਕਿਉਂਕਿ ਨਗਰ ਕੌਂਸਿਲ ਧੂਰੀ, ਵਿਖੇ ਸਟਾਫ ਦੀ ਕਮੀ ਹੋਣ ਦੇ ਨਾਲ-ਨਾਲ ਚੋਣਾਂ ਸਬੰਧੀ ਡਿਊਟੀਆਂ ਵੀ ਲੱਗੀਆਂ ਹੋਈਆਂ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲ, (80540-20388)
ਪੁੱਤਰ ਸ਼੍ਰੀ ਬ੍ਰਿਜ ਲਾਲ,
ਵਾਰਡ ਨੰ:16-ਬੀ/190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਭਦੌੜ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ।

**(ਰਜਿਸਟਰਡ)** ਸ਼੍ਰੀ ਸਿਮਰਨਜੀਤ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਭਦੌੜ। ........ ਉੱਤਰਦਾਤਾ

**ਅਪੀਲ ਕੇਸ ਨੰ:4155 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਭਦੌੜ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਿਰਨ ਸ਼ਰਮਾ ਵਿਧਵਾ ਅਸ਼ੋਕ ਸ਼ਰਮਾ ਵਾਸੀ ਭਦੌੜ, ਹਾਲ ਅਬਾਦ ਧੂਰੀ ਦੀਆਂ ਬਜ਼ਾਰ ਵਿੱਚ ਲਾਲ ਲਕੀਰ ਅੰਦਰ ਬਣੀਆਂ ਚਾਰ ਦੁਕਾਨਾਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 04-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਤੋਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4155 ਆਫ਼ 2018**

ਇਲਾਵਾ ਲੋਕ ਸੂਚਨਾ ਅਧਿਕਾਰੀ, ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਭਦੌੜ, ਜ਼ਿਲ੍ਹਾ ਸੰਗਰੂਰ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅਜੇ ਤੱਕ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 13-09-2018 ਸਬੰਧੀ ਉਸ ਨੂੰ ਸੂਚਨਾ ਵੀ ਨਹੀਂ ਭੇਜੀ ਗਈ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਸਿਮਰਨਜੀਤ ਸਿੰਘ, ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਭਦੌੜ, ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-06-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਬਾਨੋ ਦੇਵੀ,
ਪਤਨੀ ਸ਼੍ਰੀ ਟਹਿਲ ਸਿੰਘ,
ਪਿੰਡ ਥੇਹ ਬਨੇੜਾ,
ਤਹਿਸੀਲ ਗੂਹਲਾ,
ਜ਼ਿਲ੍ਹਾ ਕੈਥਲ (ਹਰਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,ਜਲੰਧਰ ਡਿਵੀਜ਼ਨ, ਜਲੰਧਰ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ। ------ਉੱਤਰਦਾਤਾ

**ਅਪੀਲ ਕੇਸ ਨੰ: 4128 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ (99141-46602)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਲ ਮੰਤਰੀ, ਪੰਜਾਬ ਵੱਲੋਂ ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ ਨੂੰ ਭੇਜੇ ਗਏ ਪੱਤਰ ਨੰ:9065-ਆਰ.ਐਮ.-62 ਤੇ ਕੀਤੀ ਗਈ ਮੁਕੰਮਲ ਕਾਨੂੰਨੀ ਕਾਰਵਾਈ ਆਦਿ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 01-04-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਅਮਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ ਨੇ ਪੱਤਰ ਨੰ:15-16, ਮਿਤੀ 01-03-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਰਜਿਸਟਰਡ ਡਾਕ ਦੁਆਰਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਆਪਣਾ ਪੱਖ ਰੱਖਣ ਦਾ ਆਖਰੀ ਮੌਕਾ ਦਿੰਦੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਹੋਏ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਦੀ ਤਰਫੋਂ ਸ਼੍ਰੀ ਮਨੋਜ਼ ਸ਼ਰਮਾ ਵੱਲੋਂ ਈ.ਮੇਲ, ਮਿਤੀ 23-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਉਸ ਵੱਲੋਂ ਆਪਣੇ ਪੱਤਰ, ਮਿਤੀ 04-04-2019 ਰਾਹੀਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ, ਨੇ ਪੱਤਰ ਨੰ:ਆਰ.ਕੇ.ਵੀ.ਓ.19/22, ਮਿਤੀ 16-04-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 04-04-2019 ਰਾਹੀਂ ਸੂਚਿਤ ਕਰਦੇ ਹੋਏ ਉਹ ਹੀ ਸਵਾਲ ਦੁਹਰਾਏ ਗਏ ਹਨ, ਜਿਨ੍ਹਾਂ ਦਾ ਜਵਾਬ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:15-16, ਮਿਤੀ 01-03-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਦਿੱਤਾ ਚੁੱਕਾ ਹੈ। ਫਿਰ ਵੀ ਕਮਿਸ਼ਨ ਦੇ ਹੁਕਮ, ਮਿਤੀ 01-04-2019 ਦੀ ਪਾਲਣਾ ਵਿੱਚ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੱਤਰ ਨੰ:ਆਰ.ਕੇ.ਵੀ.ਓ.19/22, ਮਿਤੀ 16-04-2019 ਰਾਹੀਂ ਦੁਬਾਰਾ ਨੁਕਤਾ-ਵਾਰ ਜਵਾਬ ਅਪੀਲਕਰਤਾ ਨੂੰ ਭੇਜਿਆ ਜਾ ਚੁੱਕਾ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ, ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ,
ਉਦਯੋਗ ਅਤੇ ਕਮਰਸ ਵਿਭਾਗ,
ਪੰਜਾਬ ਚੰਡੀਗੜ੍ਹ।

ਸ਼੍ਰੀ ਬਲਵਿੰਦਰ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ। ........ ਉੱਤਰਦਾਤਾ

**ਅਪੀਲ ਕੇਸ ਨੰ:3640 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਬਲਵਿੰਦਰ ਸਿੰਘ, ਬਲਾਕ ਪੱਧਰ ਪ੍ਰਸਾਰ ਅਫਸਰ (ਬੀ.ਐਲ.ਈ.ਓ.) ਦਫ਼ਤਰ ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ (98780-46611)।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 23-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਬਾਰੇ ਅਪੀਲਕਰਤਾ ਵੱਲੋਂ ਆਪਣੇ ਪੱਤਰ, ਮਿਤੀ 22-04-2019 ਰਾਹੀਂ ਕਮਿਸ਼ਨ ਨੂੰ ਪਹਿਲਾਂ ਹੀ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਕਮੀਆਂ/ਤਰੁੱਟੀਆਂ ਬਾਰੇ ਮਿਤੀ 01-02-2019 ਨੂੰ ਰਜਿਸਟਰਡ ਡਾਕ ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਬਲਵਿੰਦਰ ਸਿੰਘ, ਬਲਾਕ ਪੱਧਰ ਪ੍ਰਸਾਰ ਅਫਸਰ ਦਫ਼ਤਰ ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੇ ਕਮਿਸ਼ਨ ਦੇ ਹੁਕਮ, ਮਿਤੀ 20-03-2019 ਰਾਹੀਂ ਸ਼੍ਰੀ ਬਲਵਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ, ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦੇ ਸਬੰਧ ਵਿੱਚ ਦੱਸਿਆ ਹੈ ਕਿ ਇਹ ਨੋਟਿਸ ਉਸ ਵੱਲੋਂ ਉਸ ਦੇ ਨਾਮ ਅਤੇ ਪਤੇ ਤੇ ਭੇਜੇ ਜਾਣ ਕਾਰਨ ਪ੍ਰਾਪਤ ਕਰ ਲਿਆ ਗਿਆ ਸੀ ਪਰੰਤੂ ਇਸ ਕਾਰਨ-ਦੱਸੋ ਨੋਟਿਸ ਦਾ ਉਨ੍ਹਾਂ ਨਾਲ ਕੋਈ ਸਬੰਧ ਨਹੀਂ ਹੈ ਅਤੇ ਨਾ ਹੀ ਉਹ ਪਹਿਲਾਂ ਕਦੇ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਹੋਏ ਹਨ। ਪੇਸ਼ੀ ਮਿਤੀ 16-01-2019 ਤੇ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ, ਲੁਧਿਆਣਾ ਹੀ ਹਾਜ਼ਰ ਹੋਏ ਸਨ ਜਿਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੁਝ ਸੂਚਨਾ ਦਸਤੀ ਦਿੱਤੀ ਗਈ ਸੀ।ਇਸ ਤਰ੍ਹਾਂ ਉਨ੍ਹਾਂ ਵੱਲੋਂ ਇਸ ਸਬੰਧੀ ਸਪੱਸ਼ਟ ਕੀਤਾ ਗਿਆ ਹੈ ਇਹ ਕਾਰਨ ਦੱਸੋ ਨੋਟਿਸ ਅਸਲ ਵਿੱਚ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ, ਲੁਧਿਆਣਾ ਨੂੰ ਭੇਜਣਾ ਬਣਦਾ ਸੀ। ਇਸ ਕਰਕੇ ਉਸ ਵੱਲੋਂ ਇਹ ਕਾਰਨ ਦੱਸੋ ਨੋਟਿਸ ਜ਼ੋ ਕਿ ਗਲਤੀ ਨਾਲ ਉਸ ਨੂੰ ਜਾਰੀ ਕੀਤਾ ਗਿਆ ਹੈ, ਵਾਪਸ ਲੈਣ ਲਈ ਬੇਨਤੀ ਕੀਤੀ ਗਈ ਹੈ।

3. ਦਫਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ. ਲੋਕ ਸੂਚਨਾ ਅਧਿਕਾਰੀ ਦਫ਼ਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਹੀ ਪੇਸ਼ ਕੀਤੀ ਗਈ ਸੀ ਜਿਸ ਕਾਰਨ ਕਮਿਸ਼ਨ ਵੱਲੋਂ ਹੁਕਮ, ਮਿਤੀ 20-03-2019 ਰਾਹੀਂ ਸ਼੍ਰੀ ਬਲਵਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ, ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਮਾਈਨਿੰਗ ਦੇ ਕੰਮ ਲਈ ਵੱਖਰਾ ਮਾਈਨਿੰਗ-ਕਮ-ਸਿੰਚਾਈ ਵਿਭਾਗ ਬਣ ਗਿਆ ਸੀ ਅਤੇ ਮਾਈਨਿੰਗ ਨਾਲ ਸਬੰਧਤ ਕੰਮ ਮਾਈਨਿੰਗ-ਕਮ-ਸਿੰਚਾਈ ਵਿਭਾਗ, ਲੁਧਿਆਣਾ ਨੂੰ ਦੇ ਦਿੱਤਾ ਗਿਆ ਸੀ ਅਤੇ ਕਾਰਨ ਦੱਸੋ ਨੋਟਿਸ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ,ਦੁੱਗਰੀ, ਲੁਧਿਆਣਾ ਨੂੰ ਜਾਰੀ ਕਰਨਾ ਬਣਦਾ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਸਪੱਸ਼ਟੀਕਰਣ ਤੋਂ ਇਹ ਪਤਾ ਲੱਗਾ ਹੈ ਕਿ ਦੋ ਵੱਖ-ਵੱਖ ਵਿਭਾਗਾਂ ਵਿੱਚ ਇੱਕੋ ਹੀ ਨਾਮ ਦੇ ਦੋ ਅਧਿਕਾਰੀ ਹੋਣ ਕਾਰਨ ਕਮਿਸ਼ਨ ਵੱਲੋਂ ਸ਼੍ਰੀ ਬਲਵਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ, ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ। ਇਸ ਸਥਿਤੀ ਦੇ ਸਨਮੁੱਖ **ਕਮਿਸ਼ਨ ਵੱਲੋਂ ਹੁਕਮ, ਮਿਤੀ 20-03-2019 ਰਾਹੀਂ ਸ਼੍ਰੀ ਬਲਵਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ, ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਡਰਾਪ ਕੀਤਾ ਜਾਂਦਾ ਹੈ ਅਤੇ ਸ਼੍ਰੀ ਬਲਵਿੰਦਰ ਸਿੰਘ, ਬਲਾਕ ਪੱਧਰ ਪ੍ਰਸਾਰ ਅਫਸਰ ਦਫ਼ਤਰ ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ।**

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ, ਲੁਧਿਆਣਾ, ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.**

**ਕਾਪੀ:-**

**(ਰਜਿਸਟਰਡ)** ਲੋਕ ਸੂਚਨਾ ਅਧਿਕਾਰੀ,
ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ,
ਅਰਬਨ ਐਸਟੇਟ, ਫੇਸ-2,
ਨੇੜੇ ਮਾਤਾ ਦੁਰਗਾ ਮੰਦਿਰ, ਦੁੱਗਰੀ,
ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਕੁਮਾਰ, (ਮੋਬ 9463292792)
ਪੁੱਤਰ ਸ਼੍ਰੀ ਤੀਰਥ ਰਾਮ,
ਪਿੰਡ ਤੇ ਡਾਕਖਾਨਾ ਪੰਜਤੂਰ,
ਤਹਿਸੀਲ ਧਰਮਕੋਟ,
ਜ਼ਿਲ੍ਹਾ ਮੋਗਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ,
ਮੋਗਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:191/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਓਪਰੇਟਰ-ਕਮ-ਕਲਰਕ (99144-55229)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2017 ਤੋਂ 31-10-2018 ਤੱਕ ਇੰਟਰਲੌਕ ਟਾਈਲਾਂ ਲਗਾਉਣ ਦੇ ਹੋਏ ਠੇਕੇ ਅਤੇ ਗੁਣਵੱਤਾ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 23-04-2019 ਰਾਹੀਂ ਕਮਿਸ਼ਨ ਨੂੰ ਕੋਈ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਓਪਰੇਟਰ-ਕਮ-ਕਲਰਕ ਕੇਸ ਦੇ ਤੱਥਾਂ ਤੋਂ ਜਾਣੂ ਨਾ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਜਾਂ ਨਾ ਦੇਣ ਬਾਰੇ ਕੋਈ ਤਸੱਲੀਬਖ਼ਸ ਜਵਾਬ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਕੁਮਾਰ, (ਮੋਬ 9463292792)
ਪੁੱਤਰ ਸ਼੍ਰੀ ਤੀਰਥ ਰਾਮ,
ਪਿੰਡ ਤੇ ਡਾਕਖਾਨਾ ਪੰਜਤੂਰ,
ਤਹਿਸੀਲ ਧਰਮਕੋਟ,
ਜ਼ਿਲ੍ਹਾ ਮੋਗਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ,
ਮੋਗਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:192/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਓਪਰੇਟਰ-ਕਮ-ਕਲਰਕ (99144-55229)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਪੰਚਾਇਤ ਬਣਨ ਤੋਂ ਮਿਤੀ 31-10-2018 ਤੱਕ ਗਰਾਂਟ ਅਤੇ ਆਮਦਨ ਦੇ ਵੇਰਵੇ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 23-04-2019 ਰਾਹੀਂ ਕਮਿਸ਼ਨ ਨੂੰ ਕੋਈ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਓਪਰੇਟਰ-ਕਮ-ਕਲਰਕ ਕੇਸ ਦੇ ਤੱਥਾਂ ਤੋਂ ਜਾਣੂ ਨਾ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਜਾਂ ਨਾ ਦੇਣ ਬਾਰੇ ਕੋਈ ਤਸੱਲੀਬਖ਼ਸ ਜਵਾਬ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਚਸ਼ਮਿੰਦਰ ਕੌਰ, (ਮੋਬ: 96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
ਮਕਾਨ ਨੰ:825 ਆਨੰਦ ਨਗਰ-ਏ,
ਪਟਿਆਲਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:212/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-01-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ 01-11-2017 ਤੋਂ 30-09-2018 ਤੱਕ ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਦੇ ਪ੍ਰੀਖਿਆ ਕੇਂਦਰ ਨੰ:705 ਅਤੇ ਟੇਬਲ ਮਾਰਕਿੰਗ ਕੇਂਦਰ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੱਤਰ ਨੰ:2986-2989/ਐਸ-।।/61-19/ਆਰ.ਟੀ.ਆਈ. ਸੈੱਲ, ਮਿਤੀ 16-04-2019 ਪੇਸ਼ ਕਰਦੇ ਹੋਏ ਕਿਹਾ ਹੈ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2511/ਐਸ-2/61- 19/ਆਰ.ਟੀ.ਆਈ. ਸੈੱਲ, ਮਿਤੀ 29-03-2019 ਰਾਹੀਂ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-05-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵਿੰਦਰ ਸਿੰਘ, (ਮੋਬ: 98142-00742)
ਪੁੱਤਰ ਸ਼੍ਰੀ ਹਰਪਾਲ ਸਿੰਘ,
ਮਕਾਨ ਨੰ:7, ਲੇਨ ਨੰ:3 ਫਰੈਂਡਜ਼ ਵਿਊ,
ਰਾਮ ਤੀਰਥ ਰੋਡ, ਅੰਮ੍ਰਿਤਸਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਭਵਨ, ਸੈਕਟਰ-68, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:220/2019**

**ਹਾਜ਼ਰ:-**

1) ਸ਼੍ਰੀ ਰਵਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ (97794-56604)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-01-2019, ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਵਣ ਭਵਨ, ਸੈਕਟਰ-68, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇਸ਼ਤਿਹਾਰ ਨੰ:04 ਆਫ 2015 ਅਧੀਨ ਕਲਰਕ ਅਤੇ ਕਲਰਕ-ਕਮ-ਡਾਟਾ ਐਂਟਰੀ ਅਪਰੇਟਰ ਦੀਆਂ ਅਸਾਮੀਆਂ ਸਬੰਧੀ ਚੋਣ ਵਿਧੀ ਮੁਕੰਮਲ ਕਰਨ ਉਪਰੰਤ ਯੋਗ ਉਮੀਦਵਾਰਾਂ ਦੀ ਮਿਤੀ 04-10-2016 ਨੂੰ ਜਾਰੀ ਕੀਤੀ ਗਈ ਲਿਸਟ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੋਣ ਕਾਰਨ ਉਸ ਨੂੰ ਦਿੱਤੀ ਨਹੀਂ ਜਾ ਸਕਦੀ ਜਿਸ ਬਾਰੇ ਉਨ੍ਹਾਂ ਵੱਲੋਂ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਇਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3/54/17-ਅ1(ਆਰ.ਟੀ.ਆਈ.)/752, ਮਿਤੀ 27-03-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।

3. ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਨੂੰ ਕਮਿਸ਼ਨ ਵੱਲੋਂ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਆਰ.ਟੀ.ਆਈ. ਦੇ ਨੁਕਤਾ ਨੰ:1 ਦਾ ਸਬੰਧ ਦਫ਼ਤਰੀ ਰਿਕਾਰਡ ਨਾਲ ਹੋਣ ਕਾਰਨ ਇਹ ਸੂਚਨਾ ਸ਼ਿਕਾਇਤਕਰਤਾ ਨੂੰ ਦੇਣੀ ਬਣਦੀ ਹੈ ਜਦੋਂ ਕਿ ਨੁਕਤਾ ਨੰ:2 ਨਾਲ ਸਬੰਧਤ ਸੂਚਨਾ ਸ਼ਿਕਾਇਤਕਰਤਾ ਨੂੰ ਨਹੀਂ ਦੇਣੀ ਬਣਦੀ। ਇਸ ਉਪਰੰਤ ਹਾਜ਼ਰ ਉੱਤਰਦਾਤਾ ਵੱਲੋਂ ਨੁਕਤਾ ਨੰ:1 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਦੇ ਕੇਵਲ ਨੁਕਤਾ ਨੰ:1 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਯਾਚਿਕਾ, (ਮੋਬ: 79631-12651, 81465-64431)
ਪੁੱਤਰੀ ਸ਼੍ਰੀ ਜ਼ੋਧਬੀਰ ਸ਼ਰਮਾ,
ਮਕਾਨ 615/15, ਸ਼ਰਮਾ ਕਾਟੇਜ,
ਗੁਰੂ ਨਾਨਕ ਕਲੌਨੀ, ਪੱਟੀ,
ਜ਼ਿਲ੍ਹਾ ਤਰਨ ਤਾਰਨ-143416. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਦਿਆਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 194/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-12-2018, ਲੋਕ ਸੂਚਨਾ ਅਧਿਕਾਰੀ ਦਫਤਰ ਦਿਆਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਪਤੀ, ਜੀਵਨ ਸ਼ਰਮਾ ਜ਼ੋ ਕਿ ਹਸਪਤਾਲ ਵਿੱਚ ਆਈ ਸਰਜਨ ਦੀ ਟੀਮ ਵਿੱਚ ਬਤੌਰ ਅਪਥਾਲੋਮਿਸਟ ਸਰਵਿਸ ਕਰ ਰਿਹਾ ਹੈ, ਦੀ ਸਰਵਿਸ ਤੇ ਤਨਖਾਹ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ, ਮਿਤੀ 16-04-2019 ਰਾਹੀਂ ਕਮਿਸ਼ਨ ਨੂੰ ਪਹਿਲਾਂ ਹੀ ਆਪਣਾ ਜਵਾਬ ਭੇਜਿਆ ਹੋਇਆ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਦਿਆਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਇੱਕ ਗੈਰ-ਸਹਾਇਤਾ ਪ੍ਰਾਪਤ ਨਿੱਜੀ ਸੰਸਥਾ ਹੈ ਅਤੇ ਉਹ ਸਰਕਾਰ ਤੋਂ ਕਿਸੇ ਵੀ ਕਿਸਮ ਦੀ ਸਹਾਇਤਾ ਪ੍ਰਾਪਤ ਨਹੀਂ ਕਰ ਰਿਹਾ। ਇਸ ਕਰਕੇ ਇਹ ਸੰਸਥਾ ਸੂਚਨਾ ਦਾ ਅਧਿਕਾਰ ਐਕਟ,2005 ਦੀ ਧਾਰਾ 2 (ਐੱਚ) ਅਧੀਨ 'ਲੋਕ ਅਥਾਰਟੀ' (Public Authority) ਦੀ ਪ੍ਰੀਭਾਸ਼ਾ ਵਿੱਚ ਨਹੀਂ ਆਉਂਦੀ, ਜਿਸ ਕਰਕੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਤੋਂ ਇਲਾਵਾ ਉੱਤਰਦਾਤਾ ਕਾਲਿਜ ਵੱਲੋਂ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਸ਼ਿਕਾਇਤ ਕੇਸ ਨੰ:298 ਆਫ 2012, ਸ਼ਿਕਾਇਤ ਕੇਸ ਨੰ:1191 ਆਫ 2012 ਅਤੇ ਸ਼ਿਕਾਇਤ ਕੇਸ ਨੰ:3240 ਆਫ਼ 2013 ਵਿੱਚ ਮਿਤੀ 05-04-2016 ਨੂੰ ਪਾਸ ਕੀਤੇ ਗਏ ਹੁਕਮ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਦੀ ਕਾਪੀ ਵੀ ਭੇਜੀ ਗਈ ਹੈ ਜਿਸ ਅਨੁਸਾਰ ਇਹ ਫੈਸਲਾ ਕੀਤਾ ਹੋਇਆ ਹੈ ਕਿ ਦਿਆਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਸੂਚਨਾ ਦਾ ਅਧਿਕਾਰ ਐਕਟ,2005 ਦੀ ਧਾਰਾ 2 (ਐੱਚ) ਅਧੀਨ 'ਲੋਕ ਅਥਾਰਟੀ' (Public Authority) ਨਹੀਂ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਬਾਰੇ ਆਪਣੇ ਪੱਤਰ ਨੰ:ਡੀ.ਐਮ.ਸੀ.ਐੱਚ/ਲੀਗਲ/2019, ਮਿਤੀ 24-01-2019 ਰਾਹੀਂ ਪਹਿਲਾਂ ਹੀ ਉਸ ਨੂੰ ਜਵਾਬ ਵੀ ਭੇਜਿਆ ਹੋਇਆ ਹੈ।

3. ਉੱਤਰਦਾਤਾ, ਦਿਆਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਵੱਲੋਂ ਕਮਿਸ਼ਨ ਨੂੰ ਪੇਸ਼ ਕੀਤੇ ਗਏ ਜਵਾਬ ਅਤੇ ਸ਼ਿਕਾਇਤਕਰਤਾ ਨੰ ਪਹਿਲਾਂ ਹੀ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ ਜਿਸ ਦੇ ਸਨਮੁੱਖ ਸ਼ਿਕਾਇਤਕਰਤਾ ਨੂੰ ਕੋਈ ਸੂਚਨਾ ਮੁਹੱਈਆ ਕਰਨੀ ਨਹੀਂ ਬਣਦੀ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 31-12-2018 ਦਾ ਜਵਾਬ ਵੀ ਨਿਰਧਾਰਿਤ ਸਮੇਂ ਅੰਦਰ, ਭਾਵ ਮਿਤੀ 24-01-2019 ਨੂੰ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤਾ ਗਿਆ ਸੀ ਜਿਸ ਕਾਰਨ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 23 **ਅਪ੍ਰੈਲ,** 2019.